**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 29-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ, ਸੰਵਿਧਾਨ ਸਾਡੇ ਲਈ ਮਾਰਗ ਦਰਸ਼ਕ ਏ। ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਰਾਸ਼ਟਰ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਏ ਕਿ ਸੰਵਿਧਾਨ ਸਮੇਂ ਦੀ ਹਰ ਪ੍ਰੀਖਿਆ 'ਤੇ ਖਰਾ ਉਤਰਿਆ ਏ।
- ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਅਗਲੇ ਸਾਲ ਪ੍ਰਯਾਗਰਾਜ ਵਿੱਚ, ਹੋਣ ਵਾਲੇ ਮਹਾਕੁੰਭ 'ਚ ਹਿੱਸਾ ਲੈ ਕੇ ਏਕਤਾ ਦੇ ਸੰਕਲਪ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ।
- ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਆਪਣੇ ਜੱਦੀ ਪਿੰਡ ਸੰਧਵਾਂ ਵਿਖੇ ਲੋਕ ਮਿਲਣੀ ਤਹਿਤ ਆਮ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਇਹਨਾਂ ਦੇ ਹੱਲ ਲਈ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ.

- ਭਾਰਤ ਦੀ Koneru Humpy ਨੇ ਨਿਊਯਾਰਕ ਵਿੱਚ, ਵਿਸ਼ਵ Rapid ਅਤੇ Blitz ਸ਼ਤਰੰਜ ਚੈਂਪੀਅਨਸ਼ਿਪ ਦਾ ਖਿਤਾਬ ਜਿੱਤ ਲਿਆ ਏ।
- ਮੌਸਮ ਵਿਭਾਗ ਨੇ ਆਉਂਦੇ ਕੁਝ ਦਿਨਾਂ ‘ਚ ਸੂਬੇ ‘ਚ ਮੌਸਮ ਸਾਫ਼ ਰਹਿਣ ਦੀ ਪੇਸ਼ੀਨਗੋਈ ਕੀਤੀ ਏ.

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸੰਵਿਧਾਨ ਸਾਡੇ ਲਈ ਮਾਰਗ ਦਰਸ਼ਕ ਏ ਅਤੇ ਇਹ ਬੜੇ ਮਾਣ ਦੀ ਗੱਲ ਏ ਕਿ, ਅਗਲੇ ਸਾਲ 26 ਜਨਵਰੀ ਨੂੰ ਭਾਰਤੀ ਸੰਵਿਧਾਨ 75 ਸਾਲ ਪੂਰੇ ਕਰ ਰਿਹਾ ਏ। ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ 'ਚ ਰਾਸ਼ਟਰ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸੰਵਿਧਾਨ ਸਮੇਂ ਦੀ ਹਰ ਪ੍ਰੀਖਿਆ 'ਤੇ ਖਰਾ ਉਤਰਿਆ ਏ। ਸ੍ਰੀ ਮੋਦੀ ਨੇ ਕਿਹਾ ਕਿ ਇਸ ਸਾਲ ਸੰਵਿਧਾਨ ਦਿਵਸ ਦੇ ਮੌਕੇ 'ਤੇ ਕਈ ਪ੍ਰੋਗਰਾਮ ਸ਼ੁਰੂ ਹੋ ਗਏ ਨੇ, ਜੋ ਸਾਲ ਭਰ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਨਾਗਰਿਕਾਂ ਨੂੰ ਸੰਵਿਧਾਨ ਦੇ ਵਿਰਸੇ ਨਾਲ ਜੋੜਨ ਲਈ, constitution75.com ਨਾਂ ਦੀ ਵਿਸ਼ੇਸ਼ ਵੈੱਬਸਾਈਟ ਬਣਾਈ ਗਈ ਏ। ਪ੍ਰਧਾਨ ਮੰਤਰੀ ਨੇ ''ਮਨ ਕੀ ਬਾਤ'' ਦੇ

ਸਰੋਤਿਆਂ, ਬੱਚਿਆਂ ਅਤੇ ਨੌਜਵਾਨਾਂ ਨੂੰ ਇਸ ਵੈੱਬਸਾਈਟ 'ਤੇ ਜਾਣ ਦੀ ਬੇਨਤੀ ਕੀਤੀ। ਲੋਕ ਸੰਵਿਧਾਨ ਦੀ ਪ੍ਰਸਤਾਵਨਾ ਪੜ੍ਹ ਸਕਦੇ ਨੇ ਅਤੇ ਵੈੱਬਸਾਈਟ 'ਤੇ ਆਪਣੇ ਵੀਡੀਓ ਅਪਲੋਡ ਕਰ ਸਕਦੇ ਨੇ। **BYTE** ਪ੍ਰਧਾਨ ਮੰਤਰੀ ਨੇ ਕਿਹਾ ਕਿ, ਅਗਲੇ ਸਾਲ 13 ਜਨਵਰੀ ਤੋਂ ਪ੍ਰਯਾਗਰਾਜ ਵਿੱਚ ਮਹਾਕੁੰਭ ਹੋ ਰਿਹਾ ਏ। ਉਨ੍ਹਾਂ ਕਿਹਾ ਕਿ ਪ੍ਰਯਾਗਰਾਜ 'ਚ ਸੰਗਮ ਤੱਟ 'ਤੇ ਜ਼ਬਰਦਸਤ ਤਿਆਰੀਆਂ ਚੱਲ ਰਹੀਆਂ ਨੇ। ਉਨ੍ਹਾਂ ਨੇ ਦੱਸਿਆ ਕਿ, ਉਹ ਕੁਝ ਦਿਨ ਪਹਿਲਾਂ ਪ੍ਰਯਾਗਰਾਜ ਗਏ ਸਨ ਅਤੇ ਹੈਲੀਕਾਪਟਰ ਤੋਂ ਸਮੁੱਚੇ ਕੁੰਭ ਖੇਤਰ ਨੂੰ ਦੇਖਿਆ ਸੀ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਮਾਣ ਜ਼ਾਹਰ ਕੀਤਾ ਕਿ ਮਹਾਂਕੁੰਭ ਦੀ ਵਿਸ਼ੇਸ਼ਤਾ ਨਾ ਸਿਰਫ਼ ਇਸ ਦੀ ਵਿਸ਼ਾਲਤਾ ਵਿੱਚ ਏ, ਸਗੋਂ ਇਸ ਦੀ ਭਿੰਨਤਾ ਵਿੱਚ ਵੀ ਏ। ਉਨ੍ਹਾਂ ਕਿਹਾ ਕਿ ਇਸ ਸਮਾਗਮ ਵਿੱਚ ਲੱਖਾਂ ਸੰਤਾਂ, ਹਜ਼ਾਰਾਂ ਸੰਪਰਦਾਵਾਂ ਤੇ ਕਈ ਅਖਾੜਿਆਂ ਸਮੇਤ ਕਰੋੜਾਂ ਲੋਕ ਇਕੱਠੇ ਹੁੰਦੇ ਨੇ। ਉਨ੍ਹਾਂ ਕਿਹਾ ਕਿ, ਇਸ ਵਿੱਚ ਕੋਈ ਵਿਤਕਰਾ ਨਹੀਂ ਹੁੰਦਾ ਅਤੇ ਅਨੇਕਤਾ ਵਿੱਚ ਏਕਤਾ ਦਾ ਨਜ਼ਾਰਾ, ਦੁਨੀਆਂ ਵਿੱਚ ਹੋਰ ਕਿਤੇ ਦੇਖਣ ਨੂੰ ਨਹੀਂ ਮਿਲਦਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਕੁੰਭ ਏਕਤਾ ਦਾ ਮਹਾਕੁੰਭ ਵੀ ਏ।

ਸ਼੍ਰੀ ਮੋਦੀ ਨੇ ਲੋਕਾਂ ਨੂੰ ਮਹਾਕੁੰਭ ਵਿੱਚ ਹਿੱਸਾ ਲੈ ਕੇ ਏਕਤਾ ਦੇ ਸੰਕਲਪ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਲੋਕਾਂ ਨੂੰ ਸਮਾਜ ਵਿੱਚ ਵੰਡੀਆਂ ਪਾਉਣ ਅਤੇ ਨਫ਼ਰਤ ਦੀ ਭਾਵਨਾ ਨੂੰ ਖ਼ਤਮ ਕਰਨ ਦਾ ਪ੍ਰਣ ਲੈਣ ਦਾ ਸੱਦਾ ਵੀ ਦਿੱਤਾ।ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਵਾਰ ਦੇਸ਼ ਅਤੇ ਦੁਨੀਆ ਭਰ ਦੇ ਸ਼ਰਧਾਲੂ ਪ੍ਰਯਾਗਰਾਜ ਵਿੱਚ ਡਿਜੀਟਲ ਮਹਾਕੁੰਭ ਦੇ ਗਵਾਹ ਵੀ ਹੋਣਗੇ। ਡਿਜੀਟਲ ਨੇਵੀਗੇਸ਼ਨ ਦੀ ਮਦਦ ਨਾਲ ਲੋਕ, ਵੱਖ-ਵੱਖ ਘਾਟਾਂ, ਮੰਦਰਾਂ ਅਤੇ ਸਾਧੂਆਂ ਦੇ ਅਖਾੜਿਆਂ ਤੱਕ ਪਹੁੰਚ ਸਕਣਗੇ।**BYTE** ਐਨੀਮੇਸ਼ਨ ਦੇ ਵਿਸ਼ੇ ਨੂੰ ਛੋਹਦਿਆਂ, ਸ਼੍ਰੀ ਮੋਦੀ ਨੇ ਖੁਸ਼ੀ ਮਹਿਸੂਸ ਕੀਤੀ ਕਿ Krish, Trish ਅਤੇ Baltiboy, (KTB) ਬੱਚਿਆਂ ਵਿੱਚ ਇੱਕ ਸੁਪਰਹਿੱਟ ਐਨੀਮੇਸ਼ਨ ਲੜੀ ਏ। ਪ੍ਰਧਾਨ ਮੰਤਰੀ ਨੇ ਵਿਸਥਾਰ ਨਾਲ ਦੱਸਿਆ ਕਿ, ਇਹ ਤਿੰਨ ਐਨੀਮੇਸ਼ਨ ਪਾਤਰ ਲੋਕਾਂ ਨੂੰ ਭਾਰਤੀ ਸੁਤੰਤਰਤਾ ਸੰਗਰਾਮ ਨਾਲ ਜੁੜੇ ਨਾਇਕਾਂ ਅਤੇ ਬਹਾਦਰਾਂ ਬਾਰੇ ਦੱਸਦੇ ਨੇ, ਜਿਨ੍ਹਾਂ ਦੀ ਜ਼ਿਆਦਾ ਚਰਚਾ ਨਹੀਂ ਕੀਤੀ ਜਾਂਦੀ।

**BYTE**

---

ਪੰਜਾਬ ਵਿਧਾਨ ਸਭਾ ਸਪੀਕਰ ਸ.ਕੁਲਤਾਰ ਸਿੰਘ ਸੰਧਵਾਂ ਨੇ ਆਪਣੇ ਗ੍ਰਹਿ ਪਿੰਡ ਸੰਧਵਾਂ ਵਿਖੇ ਲੋਕ ਮਿਲਣੀ ਤਹਿਤ ਆਮ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਮੌਕੇ ਤੇ ਹੱਲ ਲਈ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ।ਸਪੀਕਰ ਸੰਧਵਾਂ ਨੇ ਅੱਜ ਆਪਣੇ ਹਲਕੇ ਦੇ ਵੱਖ-ਵੱਖ ਸਮਾਜਿਕ,ਧਾਰਮਿਕ ਸਮਾਗਮਾਂ ਵਿੱਚ ਸ਼ਿਰਕਤ ਵੀ ਕੀਤੀ ਅਤੇ ਵੱਖ-ਵੱਖ ਵਰਗਾਂ ਦੇ ਲੋਕਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਡੇਰਾ ਦਰਿਆਗਰੀ ਕੋਟਕਪੂਰਾ ਵਿਖੇ ਗਰਿਡ ਸਬ ਸਟੇਸ਼ਨ ਟੈਕਨੀਕਲ ਅਤੇ ਕਲੈਰੀਕਲ ਯੂਨੀਅਨ ਪੰਜਾਬ ਵੱਲੋਂ ਆਯੋਜਿਤ ਸੂਬਾ ਪੱਧਰੀ ਸਲਾਨਾ ਇਜਲਾਸ ਵਿੱਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਮੌਕੇ ਸਪੀਕਰ ਸੰਧਵਾਂ ਨੇ ਸਬ ਸਟੇਸ਼ਨ ਤੇ ਸਟਾਫ ਦੀਆਂ ਮੁਸ਼ਕਿਲਾਂ ਹੱਲ ਕਰਨ ਦਾ ਯਕੀਨ ਦਵਾਇਆ . ਉਹਨਾਂ ਕਿਹਾ ਕਿ ਪੰਜਾਬ ਸਰਕਾਰ ਰਾਜ ਦੇ ਸਾਰੇ ਵਰਗਾਂ ਦੀ ਭਲਾਈ ਤੇ ਬੇਹਤਰੀ ਅਤੇ ਰਾਜ ਦੀ ਤਰੱਕੀ ਤੇ ਵਿਕਾਸ ਲਈ ਵਚਨਬੱਧ ਏ ।

---------------------------------------------------------------------------------

ਬਾਗਬਾਨੀ ਵਿਭਾਗ ਵੱਲੋਂ ਫਾਜ਼ਿਲਕਾ ਜ਼ਿਲ੍ਹੇ ਦੇ ਬਾਗਬਾਨਾਂ ਨੂੰ ਕਿੰਨੂੰ ਦੇ ਬਾਗਾਂ ਨੂੰ ਰੂੜੀ ਅਤੇ ਹੋਰ ਖਾਦਾਂ ਪਾਉਣ ਤੋਂ ਪਹਿਲਾਂ ਮਿੱਟੀ ਦੀ ਜਾਂਚ ਕ ਰਵਾਉਣ ਦੀ ਅਪੀਲ ਕੀਤੀ ਗਈ ਏ। ਇਸ ਸਬੰਧੀ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ: ਕੁਲਜੀਤ ਸਿੰਘ ਨੇ ਆਖਿਆ  ਏ ਕਿ ਬਾਗਾਂ ਵਿੱਚ ਮਿੱ ਟੀ ਪਰਖ ਦੀ ਰਿਪੋਰਟ ਅਨੁਸਾਰ ਹੀ ਖਾਦਾਂ ਪਾਉਣੀਆਂ ਚਾਹੀਦੀਆਂ ਨੇ । ਅਜਿਹਾ ਕਰਕੇ ਕਿਸਾPਨ ਬੇਲੋੜੀਆਂ ਖਾਦਾਂ ਪਾਉਣ ਦੇ ਕਰਕੇ ਹੁੰਦੇ ਖ ਰਚੇ ਤੋਂ ਬਚ ਸਕਦੇ ਨੇ। ਉਹਨਾਂ ਨੇ ਦੱਸਿਆ ਕਿ ਅਬੋਹਰ ਵਿੱਚ ਸਿਟਰ ਸ ਅਸਟੇਟ ਵਿਖੇ ਬਣੀ ਹੋਈ ਲੈਬੋਟਰੀ ਵਿੱਚ ਬਾਗਾਂ ਲਈ ਲੋੜੀਂਦੇ ਸਾਰੇ ਤੱਤਾਂ ਦੀ ਜਾਂਚ ਕੀਤੀ ਜਾਂਦੀ ਏ।  ਇਸ ਸਬੰਧੀ ਹੋਰ ਜਾਣਕਾਰੀ ਦਿੰਦਿ ਆਂ ਬਾਗਵਾਨੀ ਵਿਭਾਗ ਦੀ ਮਿੱਟੀ ਪਰਖ ਪ੍ਰਯੋਗਸ਼ਾਲਾ ਦੇ ਇੰਚਾਰਜ ਡਾ: ਸ਼ੋਪਤ ਸਹਾਰਨ ਨੇ ਦੱਸਿਆ ਕਿ ਬਾਗਾਂ ਵਿੱਚ ਮਿੱਟੀ ਜਾਂਚ ਕਰਵਾਉਣ ਲਈਇਹ ਢੁਕਵਾਂ ਸਮਾਂ ਏ  ਅਤੇ ਬਾਗ ਵਿੱਚ ਰੂੜੀ ਜਾਂ ਹੋਰ ਰਸਾਇਣਕ ਖਾਦਾਪਾਉਣ ਤੋਂ ਪਹਿਲਾਂ ਇਹ ਨਮੂਨੇ ਲੈਣੇ ਚਾਹੀਦੇ ਨੇ

-----------------------------------------------------------------------

ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਸੈਕਟਰ ਨੂੰ ਹੋਰ ਖੁਸ਼ਹਾਲ ਬਣਾਉਣ ਅਤੇ ਸੂਬੇ ਦੇ ਕਿਸਾਨਾਂ ਦੀ ਆਮਦਨ ਵਿੱਚ ਹੋਰ ਵਾਧਾ ਕਰਨ ਦੇ ਮਕਸ ਦ ਨਾਲ ,ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਲਈ ਉਤਸ਼ਾਹਿਤ ਕਰਨ ਸਮੇ ਤ ਹੋਰ ਵੀ ਪਹਿਲਕਦਮੀਆਂ ਕੀਤੀਆਂ ਗਈਆਂ ਨੇ। ਪੰਜਾਬ ਦੇ ਖੇਤੀਬਾ ੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿ ਆ ਕਿ ਸੂਬਾ ਸਰਕਾਰ ਨੇ ਹਾਲ ਹੀ ਵਿੱਚ ਪਿੜਾਈ ਸੀਜ਼ਨ 2024-25 ਲਈ ਗੰਨੇ ਦੇ ਸਟੇਟਐਗਰੀਡ ਪ੍ਰਾਈਜ਼ (ਐਸ.ਏ.ਪੀ.) ਵਿੱਚ 10 ਰੁਪ ਏ ਦਾ ਵਾਧਾ ਕੀਤਾ ਏ . ਉਨ੍ਹਾਂ ਦੱਸਿਆ ਕਿ 202425 ਦੌਰਾਨ ਗੰਨੇ ਦੀ ਫਸਲ ਅਧੀਨ ਰਕਬੇ ਵਿੱਚ 5000 ਹੈਕਟੇਅਰ ਦਾ ਵਾਧਾ ਹੋਇਆ ਏ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਧਰਤੀ ਹੇਠਲੇ ਪਾਣੀ ਨੂੰ ਬਚਾ ਉਣ ਲਈ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ.) ਤਕਨੀਕ ਅਪਣਾ ਉਣ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਦੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਏ। ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸਾਉ ਣੀ ਸੀਜ਼ਨ2024 ਦੌਰਾਨ ਮੱਕੀ ਦੀ ਕਾਸ਼ਤ ਅਧੀਨ ਰਕਬੇ ਵਿੱਚ ਪਿਛਲੇ ਸਾਲ ਦੇ ਮੁਕਾਬਲੇ 0.94 ਲੱਖ ਹੈਕਟੇਅਰ ਤੋਂ ਵਧਾ ਕੇ 0.98 ਲੱਖ ਹੈਕ ਟੇਅਰ ਕਰਨ ਵਿੱਚ ਵੀ ਸਫ਼ਲਤਾ ਹਾਸਲ ਕੀਤੀ ਏ।

------------------------------------------------------------------------

ਸ਼ਤਰੰਜ ਵਿੱਚ, ਭਾਰਤ ਦੀ ਕੋਨੇਰੂ ਹੰਪੀ ਨੇ ਬੀਤੀ ਰਾਤ ਨਿਊਯਾਰਕ ਵਿੱਚ ਹੋਈ ਵਿਸ਼ਵ ਰੈਪਿਡ ਚੈਂਪੀਅਨਸ਼ਿਪ ਦੇ ਅੰਤਿਮ ਦੌਰ ਵਿੱਚ ਇੰਡੋਨੇਸ਼ੀਆ ਦੀ ਆਇਰੀਨ ਸੁਕੰਦਰ ਨੂੰ ਹਰਾ ਕੇ ਆਪਣਾ ਦੂਜਾ ਮਹਿਲਾ ਖਿਤਾਬ ਜਿੱਤ ਲਿਆ ਏ। ਹੰਪੀ ਨੇ 11ਵੇਂ ਰਾਊਂਡ 'ਚ 8.5 ਅੰਕਾਂ ਨਾਲ ਆਪਣੀ ਜਿੱਤ ਦਰਜ ਕੀਤੀ । ਚੋਟੀ ਦਾ ਦਰਜਾ ਪ੍ਰਾਪਤ ਭਾਰਤੀ ਖਿਡਾਰਨ , ਚੀਨ ਦੀ ਜੂ ਵੇਨਜੁਨ ਤੋਂ ਬਾਅਦ ਇਕ ਤੋਂ ਵੱਧ ਵਾਰ ਖਿਤਾਬ ਜਿੱਤਣ ਵਾਲੀ ਦੂਜੀ ਖਿਡਾਰਨ ਬਣ ਗਈ ਏ । ਭਾਰਤੀ ਸ਼ਤਰੰਜ ਗ੍ਰੈਂਡਮਾਸਟਰ ਹੰਪੀ ਨੇ ਪਹਿਲਾਂ ਜਾਰਜੀਆ ਵਿੱਚ 2019 ਵਿੱਚ ਰੈਪਿਡ ਚੈਂਪੀਅਨਸ਼ਿਪ ਜਿੱਤੀ ਸੀ।

------------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਤੇ ਹਰਿਆਣਾ'ਚ ਅਗਲੇ 2 ਤੋਂ 3 ਦਿਨਾਂ ਦੌਰਾਨ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ। ਵਿਭਾਗ ਨੇ ਕਿਹਾ ਏ ਕਿ ਅਗਲੇ ਤਿੰਨ ਦਿਨਾਂ ਦੌਰਾਨ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਸੀਤ ਲਹਿਰ ਦੇ ਹਾਲਾਤ ਰਹਿਣਗੇ ਪਰ ਮੌਸਮ ਸਾਫ਼ ਰਹੇਗਾ. ਇਸ ਬਾਰੇ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ਼੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ –BYTE